ਆਸਾ ਮਹਲਾ ੩ ॥ ਸਤਿਗੁਰ ਤੇ ਗੁਣ ਊਪਜੈ ਜਾ ਪ੍ਰਭੁ ਮੇਲੈ ਸੋਇ ॥ ਸਹਜੇ ਨਾਮੁ ਧਿਆਈਐ ਗਿਆਨੁ ਪਰਗਟੁ ਹੋਇ ॥੧॥ ਏ ਮਨ ਮਤ ਜਾਣਹਿ ਹਰਿ ਦੂਰਿ ਹੈ ਸਦਾ ਵੇਖੁ ਹਦੂਰਿ ॥ ਸਦ ਸੁਣਦਾ ਸਦ ਵੇਖਦਾ ਸਬਦਿ ਰਹਿਆ ਭਰਪੂਰਿ ॥ ੧॥ ਰਹਾਉ ॥ ਗੁਰਮੁਖਿ ਆਪੁ ਪਛਾਣਿਆ ਤਿਨ੍ਹੀ ਇਕ ਮਨਿ ਧਿਆਇਆ ॥ ਸਦਾ ਰਵਹਿ ਪਿਰੁ ਆਪਣਾ ਸਚੈ ਨਾਮਿ ਸੁਖੁ ਪਾਇਆ ॥੨॥ ਏ ਮਨ ਤੇਰਾ ਕੋ ਨਹੀ ਕਰਿ ਵੇਖੁ ਸਬਦਿ ਵੀਚਾਰੁ ॥ ਹਰਿ ਸਰਣਾਈ ਭਜਿ ਪਉ ਪਾਇਹਿ ਮੋਖ ਦੁਆਰੁ ॥੩॥ ਸਬਦਿ ਸੁਣੀਐ ਸਬਦਿ ਬੁਝੀਐ ਸਚਿ ਰਹੈ ਲਿਵ ਲਾਇ ॥ ਸਬਦੇ ਹਉਮੈ ਮਾਰੀਐ ਸਚੈ ਮਹਲਿ ਸੁਖੁ ਪਾਇ ॥੪॥ ਇਸੁ ਜੁਗ ਮਹਿ ਸੋਭਾ ਨਾਮ ਕੀ ਬਿਨੁ ਨਾਵੈ ਸੋਭ ਨ ਹੋਇ ॥ ਇਹ ਮਾਇਆ ਕੀ ਸੋਭਾ ਚਾਰਿ ਦਿਹਾੜੇ ਜਾਦੀ ਬਿਲਮੁ ਨ ਹੋਇ ॥ ੫॥ ਜਿਨੀ ਨਾਮੁ ਵਿਸਾਰਿਆ ਸੇ ਮੁਏ ਮਰਿ ਜਾਹਿ ॥ ਹਰਿ ਰਸ ਸਾਦੁ ਨ ਆਇਓ ਬਿਸਟਾ ਮਾਹਿ ਸਮਾਹਿ ॥ ੬॥ ਇਕਿ ਆਪੇ ਬਖਸਿ ਮਿਲਾਇਅਨੁ ਅਨਦਿਨੁ ਨਾਮੇ ਲਾਇ ॥ ਸਚੁ ਕਮਾਵਹਿ ਸਚਿ ਰਹਹਿ ਸਚੇ ਸਚਿ ਸਮਾਹਿ ॥ ੭॥ ਬਿਨੁ ਸਬਦੈ ਸੁਣੀਐ ਨ ਦੇਖੀਐ ਜਗੁ ਬੋਲਾ ਅੰਨ੍ਹਾ ਭਰਮਾਇ ॥ ਬਿਨੁ ਨਾਵੈ ਦੁਖੁ ਪਾਇਸੀ ਨਾਮੁ ਮਿਲੈ ਤਿਸੈ ਰਜਾਇ ॥੮॥ ਜਿਨ ਬਾਣੀ ਸਿਉ ਚਿਤੁ ਲਾਇਆ ਸੇ ਜਨ ਨਿਰਮਲ ਪਰਵਾਣੁ ॥ ਨਾਨਕ ਨਾਮੁ ਤਿਨ੍ਹਾ ਕਦੇ ਨ ਵੀਸਰੈ ਸੇ ਦਰਿ ਸਚੇ ਜਾਣੁ ॥੯॥੧੩॥੩੫॥ {ਪੰਨਾ 429}

ਪਦਅਰਥ:- ਤੇ—ਤੋਂ, ਪਾਸੋਂ। ਸੋਇ—ਉਹ ਗੁਰੂ। ਸਹਜੇ—ਆਤਮਕ ਅਡੋਲਤਾ ਵਿਚ। ਗਿਆਨੁ—ਆਤਮਕ ਜੀਵਨ ਦੀ ਸੂਝ।1।

ਏ—ਹੇ! ਹਦੂਰਿ—ਅੰਗ-ਸੰਗ। ਸਦ—ਸਦਾ। ਸਬਦਿ—ਸ਼ਬਦ ਦੀ ਰਾਹੀਂ।1। ਰਹਾਉ।

ਆਪੁ—ਆਤਮਕ ਜੀਵਨ। ਇਕ ਮਨਿ—ਇਕ ਮਨ ਦੀ ਰਾਹੀਂ, ਸੁਰਤਿ ਜੋੜ ਕੇ। ਰਵਹਿ—ਮਾਣਦੀਆਂ ਹਨ।2।

ਕੋ—ਕੋਈ। ਮੋਖੁ ਦੁਆਰੁ—(ਮਾਇਆ ਦੇ ਮੋਹ ਤੋਂ) ਖ਼ਲਾਸੀ ਦਾ ਦਰਵਾਜ਼ਾ।3।

ਸਚਿ—ਸਦਾ-ਥਿਰ ਪ੍ਰਭੂ ਵਿਚ। ਲਿਵ—ਲਗਨ। ਮਹਲਿ—ਮਹਲ ਵਿਚ, ਪ੍ਰਭੂ ਚਰਨਾਂ ਵਿਚ।4।

ਜੁਗ ਮਹਿ—ਜਗਤ ਵਿਚ। ਸੋਭ—ਸੋਭਾ। ਬਿਲਮੁ—ਚਿਰ, ਦੇਰ।5।

ਮੁਏ—ਆਤਮਕ ਮੌਤੇ ਮਰੇ ਹੋਏ। ਸਾਦੁ—ਸੁਆਦ। ਸਮਾਹਿ—ਲੀਨ ਰਹਿੰਦੇ ਹਨ।6।

ਇਕਿ—{ਲਫ਼ਜ਼ 'ਇਕ' ਤੋਂ ਬਹੁ-ਵਚਨ}। ਮਿਲਾਇਅਨੁ—ਉਸ ਨੇ ਮਿਲਾਏ ਹਨ। ਅਨਦਿਨੁ—ਹਰ ਰੋਜ਼।7।

ਭਰਮਾਇ—ਭਟਕਦਾ ਫਿਰਦਾ ਹੈ। ਪਾਇਸੀ—ਪਏਗਾ। ਤਿਸੈ ਰਜਾਇ—ਉਸ ਪ੍ਰਭੂ ਦੀ ਰਜ਼ਾ ਅਨੁਸਾਰ।8।

ਸਿਉ—ਨਾਲ। ਦਰਿ ਸਚੇ—ਸਦਾ-ਥਿਰ ਪ੍ਰਭੂ ਦੇ ਦਰ ਤੇ। ਜਾਣੁ—ਉੱਘੇ।9।

ਅਰਥ:- ਹੇ ਮੇਰੇ ਮਨ! ਕਿਤੇ ਇਹ ਨਾਹ ਸਮਝ ਲਈਂ ਕਿ ਪਰਮਾਤਮਾ (ਤੈਥੋਂ) ਦੂਰ ਵੱਸਦਾ ਹੈ, ਉਸ ਨੂੰ ਸਦਾ ਆਪਣੇ ਅੰਗ-ਸੰਗ ਵੱਸਦਾ ਵੇਖ। (ਜੋ ਕੁਝ ਤੂੰ ਬੋਲਦਾ ਹੈਂ ਉਸ ਨੂੰ ਉਹ) ਸਦਾ ਸੁਣ ਰਿਹਾ ਹੈ, (ਤੇਰੇ ਕੰਮਾਂ ਨੂੰ ਉਹ) ਸਦਾ ਵੇਖ ਰਿਹਾ ਹੈ। ਗੁਰੂ ਦੇ ਸ਼ਬਦ ਵਿਚ (ਜੁੜ, ਤੈਨੂੰ ਹਰ ਥਾਂ) ਵਿਆਪਕ ਦਿੱਸ ਪਏਗਾ।1। ਰਹਾਉ।

ਜਦੋਂ ਪ੍ਰਭੂ ਉਸ ਗੁਰੂ ਨਾਲ ਮਿਲਾ ਦੇਂਦਾ ਹੈ ਤਦੋਂ ਗੁਰੂ ਪਾਸੋਂ ਗੁਣਾਂ ਦੀ ਦਾਤਿ ਮਿਲਦੀ ਹੈ, ਜਿਸ ਦੀ ਬਰਕਤਿ ਨਾਲ ਆਤਮਕ ਅਡੋਲਤਾ ਵਿਚ ਟਿਕ ਕੇ ਹਰਿ-ਨਾਮ ਦਾ ਸਿਮਰਨ ਕੀਤਾ ਜਾ ਸਕਦਾ ਹੈ, ਤੇ, ਅੰਦਰ ਆਤਮਕ ਜੀਵਨ ਦੀ ਸੂਝ ਉੱਘੜ ਪੈਂਦੀ ਹੈ।1।

ਗੁਰੂ ਦੇ ਸਨਮੁਖ ਰਹਿਣ ਵਾਲੀਆਂ ਜੀਵ-ਇਸਤ੍ਰੀਆਂ ਆਪਣੇ ਆਤਮਕ ਜੀਵਨ ਨੂੰ ਪੜਤਾਲਦੀਆਂ ਰਹਿੰਦੀਆਂ ਹਨ, ਸੁਰਤਿ ਜੋੜ ਕੇ ਸਿਮਰਨ ਕਰਦੀਆਂ ਹਨ, ਸਦਾ ਆਪਣੇ ਪ੍ਰਭੂ-ਪਤੀ ਦਾ ਮਿਲਾਪ ਮਾਣਦੀਆਂ ਹਨ, ਤੇ ਸਦਾ-ਥਿਰ ਪ੍ਰਭੂ ਨਾਮ ਵਿਚ ਜੁੜ ਕੇ ਆਤਮਕ ਆਨੰਦ ਹਾਸਲ ਕਰਦੀਆਂ ਹਨ।2।

ਹੇ ਮਨ! ਗੁਰੂ ਦੇ ਸ਼ਬਦ ਦੀ ਰਾਹੀਂ ਵਿਚਾਰ ਕਰ ਕੇ ਵੇਖ (ਪ੍ਰਭੂ ਤੋਂ ਬਿਨਾ) ਤੇਰਾ ਕੋਈ (ਸੱਚਾ) ਸਾਥੀ ਨਹੀਂ ਹੈ, ਦੌੜ ਕੇ ਪ੍ਰਭੂ ਦੀ ਸਰਨ ਆ ਪਉ, (ਇਸ ਤਰ੍ਹਾਂ ਮਾਇਆ ਦੇ ਮੋਹ ਦੇ ਬੰਧਨਾਂ ਤੋਂ) ਖ਼ਲਾਸੀ ਦਾ ਰਾਹ ਲੱਭ ਲਏਂਗਾ।3।

ਹੇ ਮਨ! ਗੁਰੂ ਦੇ ਸ਼ਬਦ ਦੀ ਰਾਹੀਂ ਹੀ ਹਰਿ-ਨਾਮ ਸੁਣਿਆ ਜਾ ਸਕਦਾ ਹੈ। ਸ਼ਬਦ ਦੀ ਰਾਹੀਂ ਹੀ (ਸਹੀ ਜੀਵਨ-ਰਾਹ) ਸਮਝਿਆ ਜਾ ਸਕਦਾ ਹੈ। (ਜੇਹੜਾ ਮਨੁੱਖ ਗੁਰ-ਸ਼ਬਦ ਵਿਚ ਚਿੱਤ ਜੋੜਦਾ ਹੈ ਉਹ) ਸਦਾ-ਥਿਰ ਹਰੀ ਵਿਚ ਸੁਰਤਿ ਜੋੜੀ ਰੱਖਦਾ ਹੈ; ਸ਼ਬਦ ਦੀ ਬਰਕਤਿ ਨਾਲ ਹੀ (ਅੰਦਰੋਂ) ਹਉਮੈ ਮੁਕਾਈ ਜਾ ਸਕਦੀ ਹੈ (ਜੇਹੜਾ ਮਨੁੱਖ ਗੁਰ-ਸ਼ਬਦ ਦਾ ਆਸਰਾ ਲੈਂਦਾ ਹੈ ਉਹ) ਸਦਾ-ਥਿਰ ਰਹਿਣ ਵਾਲੇ ਹਰੀ ਦੇ ਚਰਨਾਂ ਵਿਚ ਆਨੰਦ ਮਾਣਦਾ ਹੈ।4।

ਹੇ ਮਨ! ਜਗਤ ਵਿਚ ਨਾਮ ਦੀ ਬਰਕਤਿ ਨਾਲ ਹੀ ਸੋਭਾ ਮਿਲਦੀ ਹੈ, ਹਰਿ-ਨਾਮ ਤੋਂ ਬਿਨਾ ਮਿਲੀ ਹੋਈ ਸੋਭਾ ਅਸਲ ਸੋਭਾ ਨਹੀਂ। ਮਾਇਆ ਦੇ ਪ੍ਰਤਾਪ ਨਾਲ ਮਿਲੀ ਹੋਈ ਸੋਭਾ ਚਾਰ ਦਿਨ ਹੀ ਰਹਿੰਦੀ ਹੈ, ਇਸ ਦੇ ਨਾਸ ਹੁੰਦਿਆਂ ਚਿਰ ਨਹੀਂ ਲੱਗਦਾ।5।

ਜਿਨ੍ਹਾਂ ਮਨੁੱਖਾਂ ਨੇ ਹਰਿ-ਨਾਮ ਭੁਲਾ ਦਿੱਤਾ ਉਹਨਾਂ ਆਤਮਕ ਮੌਤ ਸਹੇੜ ਲਈ ਉਹ ਆਤਮਕ ਮੌਤੇ ਮਰੇ ਰਹਿੰਦੇ ਹਨ, ਜਿਨ੍ਹਾਂ ਨੂੰ ਹਰਿ-ਨਾਮ ਦੇ ਰਸ ਦਾ ਸੁਆਦ ਨਾਹ ਆਇਆ ਉਹ ਵਿਕਾਰਾਂ ਦੇ ਗੰਦ ਵਿਚ ਮਸਤ ਹੁੰਦੇ ਹਨ। ਜਿਵੇਂ ਗੰਦ ਦੇ ਕੀੜੇ ਗੰਦ ਵਿਚ।6।

ਕਈ ਐਸੇ ਭਾਗਾਂ ਵਾਲੇ ਹਨ ਜਿਨ੍ਹਾਂ ਨੂੰ ਪਰਮਾਤਮਾ ਨੇ ਹਰ ਵੇਲੇ ਆਪਣੇ ਨਾਮ ਵਿਚ ਲਾ ਕੇ ਮੇਹਰ ਕਰ ਕੇ ਆਪ ਹੀ ਆਪਣੇ ਚਰਨਾਂ ਵਿਚ ਜੋੜ ਰੱਖਿਆ ਹੈ। ਉਹ ਸਦਾ-ਥਿਰ ਨਾਮ-ਸਿਮਰਨ ਦੀ ਕਮਾਈ ਕਰਦੇ ਹਨ, ਸਦਾ-ਥਿਰ ਨਾਮ ਵਿਚ ਟਿਕੇ ਰਹਿੰਦੇ ਹਨ, ਹਰ ਵੇਲੇ ਸਦਾ-ਥਿਰ ਹਰੀ ਵਿਚ ਹੀ ਲੀਨ ਰਹਿੰਦੇ ਹਨ।7।

ਹੇ ਭਾਈ! ਜਗਤ ਮਾਇਆ ਦੇ ਮੋਹ ਵਿਚ ਅੰਨ੍ਹਾ ਤੇ ਬੋਲਾ ਹੋ ਰਿਹਾ ਹੈ (ਮਾਇਆ ਦੀ ਖ਼ਾਤਰ) ਭਟਕਦਾ ਫਿਰਦਾ ਹੈ। ਗੁਰੂ ਦੇ ਸ਼ਬਦ ਤੋਂ ਵਾਂਜਿਆਂ ਰਹਿ ਕੇ ਹਰਿ-ਨਾਮ ਸੁਣਿਆ ਨਹੀਂ ਜਾ ਸਕਦਾ, (ਸਰਬ-ਵਿਆਪਕ ਪ੍ਰਭੂ) ਵੇਖਿਆ ਨਹੀਂ ਜਾ ਸਕਦਾ। ਨਾਮ ਤੋਂ ਖੁੰਝ ਕੇ (ਮਾਇਆ ਵਿਚ ਅੰਨ੍ਹਾ ਬੋਲਾ ਹੋਇਆ) ਜਗਤ ਦੁੱਖ ਹੀ ਸਹਾਰਦਾ ਰਹਿੰਦਾ ਹੈ। (ਜਗਤ ਦੇ ਕੀਹ ਵੱਸ!) ਹਰਿ-ਨਾਮ ਉਸ ਹਰੀ ਦੀ ਰਜ਼ਾ ਨਾਲ ਹੀ ਮਿਲ ਸਕਦਾ ਹੈ।8।

ਜਿਨ੍ਹਾਂ ਮਨੁੱਖਾਂ ਨੇ ਗੁਰੂ ਦੀ ਬਾਣੀ ਨਾਲ ਆਪਣਾ ਚਿੱਤ ਜੋੜਿਆ ਹੈ ਉਹ ਮਨੁੱਖ ਪਵਿਤ੍ਰ ਜੀਵਨ ਵਾਲੇ ਹੋ ਜਾਂਦੇ ਹਨ ਉਹ ਪ੍ਰਭੂ ਦੀ ਹਜ਼ੂਰੀ ਵਿਚ ਕਬੂਲ ਪੈਂਦੇ ਹਨ। ਹੇ ਨਾਨਕ! ਉਹਨਾਂ ਨੂੰ ਪਰਮਾਤਮਾ ਦਾ ਨਾਮ ਕਦੇ ਭੁੱਲਦਾ ਨਹੀਂ, ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ ਦਰ ਤੇ ਉਹ ਉੱਘੇ ਹਨ।9।13। 35।